ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੈਤਿਕ ਪ੍ਰੀਖਿਆ ਦਾ ਆਯੋਜਨ

ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਨ ਲਈ ਸ਼ਲਾਘਾਯੋਗ

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com



ਸ੍ਰੀ ਅਨੰਦਪੁਰ ਸਾਹਿਬ, 23 ਅਕਤੂਬਰ (ਦਰਸ਼ ਰਾਣਾ/ਜੋਗਿੰਦਰ ਰਾਣਾ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਪ੍ਰਸਿੱਧ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਅੱਜ ਸਦਾਚਾਰਕ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਉਭਾਰਨ ਲਈ ਨੈਤਿਕ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ। ਇਹ ਇਮਤਿਹਾਨ ਲੈਣ ਲਈ ਕੈਪਟਨ ਗੁਰਪ੍ਰੀਤਮ ਸਿੰਘ ਅਤੇ ਸ. ਗੁਰਪ੍ਰੀਤ ਸਿੰਘ ਗੋਲਡੀ ਨੇ ਵਿਦਿਆਰਥੀਆਂ ਨੂੰ ਨੈਤਿਕਤਾ ਤੇ ਸਦਾਚਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਪ੍ਰੀਖਿਆ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖ ਧਰਮ ਅਤੇ ਗੁਰਮਤਿ ਆਦਰਸ਼ਾਂ ਨਾਲ ਜੋੜਨਾ ਸੀ। ਦੱਸਣਯੋਗ ਹੈ ਕਿ ਇਹ ਉਪਰਾਲਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਲੁਧਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਨਾ ਸਿਰਫ਼ ਧਾਰਮਿਕ ਪ੍ਰੇਰਣਾ ਪ੍ਰਾਪਤ ਹੁੰਦੀ ਹੈ, ਸਗੋਂ ਉਨ੍ਹਾਂ ਨੂੰ ਵਜ਼ੀਫਿਆਂ ਰਾਹੀਂ ਪ੍ਰੋਤਸਾਹਨ ਵੀ ਦਿੱਤਾ ਜਾਂਦਾ ਹੈ ਤਾਂ ਜੋ ਉਹ ਆਪਣੇ ਭਵਿੱਖ ਨੂੰ ਹੋਰ ਉੱਜਵਲ ਬਣਾ ਸਕਣ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪ੍ਰੀਖਿਆ ਵਿੱਚ ਭਾਗ ਲਿਆ ਅਤੇ ਆਪਣੀ ਸਮਰਪਣ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੀ ਯੋਗ ਅਗਵਾਈ ਹੇਠ ਪ੍ਰੀਖਿਆ ਸਫਲਤਾਪੂਰਵਕ ਸੰਪੰਨ ਹੋਈ। ਡਾ. ਜਸਵੀਰ ਸਿੰਘ ਨੇ ਕਿਹਾ ਕਿ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ ਧਰਮ ਤੇ ਸੱਭਿਆਚਾਰਕ ਨਾਲ ਜੋੜਨਾ ਸੰਸਥਾ ਦੀ ਪ੍ਰਾਥਮਿਕਤਾ ਹੈ, ਤਾਂ ਜੋ ਵਿਦਿਆਰਥੀ ਆਪਣੀ ਵਿਰਾਸਤ ਨਾਲ ਸਦਾ ਜੁੜੇ ਰਹਿਣ। ਉਨ੍ਹਾਂ ਧਾਰਮਿਕ ਪ੍ਰੀਖਿਆ ਦੇ ਸਫਲ ਆਯੋਜਨ ਲਈ ਡਾ. ਪਰਮਜੀਤ ਕੌਰ (ਮੁਖੀ, ਧਰਮ ਅਧਿਐਨ ਵਿਭਾਗ), ਡਾ. ਨਵਜੀਤ ਕੌਰ (ਕਮਰਸ ਵਿਭਾਗ) ਅਤੇ ਪ੍ਰੋ. ਰਮਨਪ੍ਰੀਤ ਕੌਰ (ਕੰਪਿਊਟਰ ਸਾਇੰਸ ਵਿਭਾਗ) ਨੂੰ ਸੁਚੱਜੇ ਢੰਗ ਨਾਲ ਪ੍ਰੀਖਿਆ ਕਰਵਾਉਣ ਲਈ ਮੁਬਾਰਕਬਾਦ ਦਿੱਤੀ।

ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੈਤਿਕ ਪ੍ਰੀਖਿਆ ਦਾ ਆਯੋਜਨ

☛ ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਨ ਲਈ ਸ਼ਲਾਘਾਯੋਗ

ਪ੍ਰਾਈਮ ਉਦੇ

ਸ੍ਰੀ ਅਨੰਦਪੁਰ ਸਾਹਿਬ, 23 ਅਕਤੂਬਰ (ਜੋਗਿੰਦਰ ਰਾਣਾ /ਦਰਸ਼ ਰਾਣਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਪ੍ਰਸਿੱਧ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਅੱਜ ਸਦਾਚਾਰਕ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਉਭਾਰਨ ਲਈ ਨੈਤਿਕ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ। ਇਹ ਇਮਤਿਹਾਨ ਲੈਣ ਲਈ ਕੈਪਟਨ ਗੁਰਪ੍ਰੀਤਮ ਸਿੰਘ ਅਤੇ ਸ. ਗੁਰਪ੍ਰੀਤ ਸਿੰਘ ਗੋਲਡੀ ਨੇ ਵਿਦਿਆਰਥੀਆਂ ਨੂੰ ਨੈਤਿਕਤਾ ਤੇ ਸਦਾਚਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਪ੍ਰੀਖਿਆ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖ ਧਰਮ ਅਤੇ ਗੁਰਮਤਿ ਆਦਰਸ਼ਾਂ ਨਾਲ ਜੋੜਨਾ ਸੀ। ਦੱਸਣਯੋਗ ਹੈ ਕਿ ਇਹ ਉਪਰਾਲਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਲੁਧਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਨਾ ਸਿਰਫ ਧਾਰਮਿਕ ਪ੍ਰੇਰਣਾ ਪ੍ਰਾਪਤ ਹੁੰਦੀ ਹੈ, ਸਗੋਂ ਉਨ੍ਹਾਂ ਨੂੰ ਵਜ਼ੀਫਿਆਂ ਰਾਹੀਂ ਪ੍ਰੋਤਸਾਹਨ ਵੀ ਦਿੱਤਾ ਜਾਂਦਾ ਹੈ ਤਾਂ ਜੋ ਉਹ ਆਪਣੇ ਭਵਿੱਖ ਨੂੰ ਹੋਰ ਉੱਜਵਲ ਬਣਾ ਸਕਣ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪ੍ਰੀਖਿਆ ਵਿੱਚ ਭਾਗ ਲਿਆ ਅਤੇ ਆਪਣੀ ਸਮਰਪਣ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੀ ਯੋਗ ਅਗਵਾਈ ਹੇਠ ਪ੍ਰੀਖਿਆ ਸਫਲਤਾਪੂਰਵਕ ਸੰਪੰਨ ਹੋਈ। ਡਾ. ਜਸਵੀਰ ਸਿੰਘ ਨੇ ਕਿਹਾ ਕਿ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ ਧਰਮ ਤੇ ਸੱਭਿਆਚਾਰਕ ਨਾਲ ਜੋੜਨਾ ਸੰਸਥਾ ਦੀ ਪ੍ਰਾਥਮਿਕਤਾ ਹੈ, ਤਾਂ ਜੋ ਵਿਦਿਆਰਥੀ ਆਪਣੀ ਵਿਰਾਸਤ ਨਾਲ ਸਦਾ ਜੁੜੇ ਰਹਿਣ। ਉਨ੍ਹਾਂ ਧਾਰਮਿਕ ਪ੍ਰੀਖਿਆ ਦੇ ਸਫਲ ਆਯੋਜਨ ਲਈ ਡਾ. ਪਰਮਜੀਤ ਕੌਰ (ਮੁਖੀ, ਧਰਮ ਅਧਿਐਨ ਵਿਭਾਗ), ਡਾ. ਨਵਜੀਤ ਕੌਰ (ਕਮਰਸ ਵਿਭਾਗ) ਅਤੇ ਪ੍ਰੋ. ਰਮਨਪ੍ਰੀਤ ਕੌਰ (ਕੰਪਿਊਟਰ ਸਾਇੰਸ ਵਿਭਾਗ) ਨੂੰ ਸੁਚੱਜੇ ਢੰਗ ਨਾਲ ਪ੍ਰੀਖਿਆ ਕਰਵਾਉਣ ਲਈ ਮੁਬਾਰਕਬਾਦ ਦਿੱਤੀ।



ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਵਿਖੇ ਨੈਤਿਕ ਪ੍ਰੀਖਿਆ ਕਰਵਾਈ

ਸ੍ਰੀ ਅਨੰਦਪੁਰ ਸਾਹਿਬ, 23 ਅਕਤੂਬਰ (ਕਰਨੈਲ ਸਿੰਘ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਵਿਖੇ ਅੱਜ ਸਦਾਚਾਰਕ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਉਭਾਰਨ ਲਈ ਨੈਤਿਕ ਪ੍ਰੀਖਿਆ

ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਨ ਲਈ ਸ਼ਲਾਘਾਯੋਗ ਉਪਰਾਲਾ

ਕਰਵਾਈ ਗਈ। ਇਹ ਇਮਤਿਹਾਨ ਲੈਣ ਲਈ ਕੈਪਟਨ ਗੁਰਪ੍ਰੀਤਮ ਸਿੰਘ ਅਤੇ ਗੁਰਪ੍ਰੀਤ ਸਿੰਘ ਗੋਲਡੀ ਨੇ ਵਿਦਿਆਰਥੀਆਂ ਨੂੰ ਨੈਤਿਕਤਾ ਤੇ ਸਦਾਚਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਪ੍ਰੀਖਿਆ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿੱਖ ਧਰਮ ਅਤੇ ਗੁਰਮਤਿ ਆਦਰਸ਼ਾਂ ਨਾਲ ਜੋੜਨਾ ਸੀ। ਦੱਸਣਯੋਗ ਹੈ ਕਿ ਇਹ ਉਪਰਾਲਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਲੁਧਿਆਣਾ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਤਹਿਤ ਵਿਦਿਆ-ਰਥੀਆਂ ਨੂੰ ਨਾ ਸਿਰਫ਼ ਧਾਰਮਿਕ ਪ੍ਰੇਰਣਾ ਪ੍ਰਾਪਤ ਹੁੰਦੀ ਹੈ, ਸਗੋਂ ਉਨ੍ਹਾਂ ਨੂੰ ਵਜ਼ੀਫ਼ਿਆਂ ਰਾਹੀਂ ਪ੍ਰੋਤਸਾਹਨ ਵੀ ਦਿੱਤਾ ਜਾਂਦਾ ਹੈ ਤਾਂ ਜੋ ਉਹ ਆਪਣੇ ਭਵਿੱਖ ਨੂੰ ਹੋਰ ਉੱਜਵਲ ਬਣਾ ਸਕਣ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪ੍ਰੀਖਿਆ 'ਚ ਭਾਗ ਲਿਆ ਅਤੇ ਆਪਣੀ ਸਮਰਪਣ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੀ ਯੋਗ ਅਗਵਾਈ ਹੇਠ ਪ੍ਰੀਖਿਆ ਸਫਲਤਾਪੂਰਵਕ ਸੰਪੰਨ ਹੋਈ। ਡਾ. ਜਸਵੀਰ ਸਿੰਘ ਨੇ ਕਿਹਾ ਕਿ ਕਾਲਜ ਵਲੋਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ ਧਰਮ ਤੇ ਸੱਭਿਆਚਾਰਕ ਨਾਲ ਜੋੜਨਾ ਸੰਸਥਾ ਦੀ ਪ੍ਰਾਥਮਿਕਤਾ ਹੈ, ਤਾਂ ਜੋ ਵਿਦਿਆਰਥੀ ਆਪਣੀ ਵਿਰਾਸਤ ਨਾਲ ਸਦਾ ਜੁੜੇ ਰਹਿਣ। ਉਨ੍ਹਾਂ ਧਾਰਮਿਕ ਪ੍ਰੀਖਿਆ ਸਫਲਤਾ ਪੂਰਵਕ ਕਰਵਾਉਣ ਲਈ ਡਾ. ਪਰਮਜੀਤ ਕੌਰ (ਮੁਖੀ, ਧਰਮ ਅਧਿਐਨ ਵਿਭਾਗ), ਡਾ. ਨਵਜੀਤ ਕੌਰ (ਕਮਰਸ ਵਿਭਾਗ) ਅਤੇ ਪ੍ਰੋ. ਰਮਨਪ੍ਰੀਤ ਕੌਰ (ਕੰਪਿਊਟਰ ਸਾਇੰਸ ਵਿਭਾਗ) ਨੂੰ ਮੁਬਾਰਕਬਾਦ ਦਿੱਤੀ।